# ਦਫ਼ਤਰ ਜਿਲ੍ਹਾ ਸਿੱਖਿਆ ਅਫ਼ਸਰ(ਐ.ਸਿ),ਗੁਰਦਾਸਪੁਰ

ਵੱਲੋ:

ਜ਼ਿਲ੍ਹਾ ਸਿੱਖਿਆ ਅਫਸਰ(ਐ:ਸਿ)
ਗੁਰਦਾਸਪੁਰ।

ਵੱਲ:-

ਸ਼੍ਰੀ ਨੰਗਲੀ ਅਕੈਡਮਿਕ ਪਬਲਿਕ ਸਕੂਲ ਗੁਰਦਾਸਪੁਰ
ਬਲਾਕ ਦਾ ਨਾਮ ਗੁਰਦਾਸਪੁਰ-1
ਜ਼ਿਲ੍ਹਾ ਗੁਰਦਾਸਪੁਰ
ਪੱਤਰ ਨੰ:ਆਰ.ਟੀ.ਈ/2020/3173 ਮਿਤੀ ਗੁਰਦਾਸਪੁਰ: 11-9-2020

ਵਿਸ਼ਾ:- ਬੱਚਿਆਂ ਦਾ ਮੁਫਤ ਅਤੇ ਅਤੇ ਲਾਜਮੀਂ ਸਿੱਖਿਆ ਕਾਨੂੰਨ,2009 ਦੀ ਧਾਰਾ 18 ਦੇ ਮੰਤਵ ਲਈ,ਬੱਚਿਆਂ ਦਾ ਮੁਫਤ ਅਤੇ ਲਾਜਮੀ ਸਿੱਖਿਆ ਨਿਯਮ,2011 ਦੇ ਨਿਯਮ 11 ਦੇ ਉਪ ਨਿਯਮ, (4) ਅਧੀਨ ਸਕੂਲ ਵਾਸਤੇ ਮਾਨਤਾ ਪ੍ਰਾਪਤੀ ਪ੍ਰਮਾਣ ਪੱਤਰ।

ਸ੍ਰੀ ਮਾਨ/ਮਤੀ ਜੀ,

ਆਪ ਜੀ ਪਾਸੋ ਪ੍ਰਾਪਤ ਬਿਨੇ ਪੱਤਰ ਅਤੇ ਇਸ ਤੋ ਬਾਅਦ ਵਿੱਚ ਕੀਤੇ ਸਕੂਲ ਨਾਲ ਪੱਤਰ ਵਿਹਾਰ/ ਦੇ ਹਵਾਲੇ ਵਿੱਚ,ਮੈਂ ਸ਼੍ਰੀ ਨੰਗਲੀ ਅਕੈਡਮਿਕ ਪਬਲਿਕ ਸਕੂਲ ਗੁਰਦਾਸਪੁਰ ਬਲਾਕ ਗੁਰਦਾਸਪੁਰ-1 ਲਈ ਜਮਾਤ ਪਹਿਲੀ ਤੋਂ ਜਮਾਤ ਅੱਠਵੀਂ ਤੱਕ ਮਿਤੀ 01-04-2020 ਤੋਂ ਮਿਤੀ 31-03-2023 ਤੱਕ ਤਿੰਨ ਸਾਲ ਲਈ ਆਰਜੀ ਮਾਨਤਾ ਜਾਰੀ ਕਰਦਾ ਹਾਂ।

ਹੇਠ ਲਿਖਿਆਂ ਸ਼ਰਤਾਂ ਦੀ ਪੂਰਤੀ ਤੋ ਬਾਅਦ ਹੀ ਇਹ ਮੰਜੂਰੀ ਸਹੀ ਮੰਨੀ ਜਾਵੇਗੀ।

ਸ਼ਰਤਾਂ:

1: ਮਾਨਤਾ ਦੀ ਮੰਜੂਰੀ ਦਾ ਸਮਾਂ ਵਧਾਇਆ ਨਹੀ ਜਾ ਸਕਦਾ ਅਤੇ ਕਿਸੇ ਵੀ ਸੂਰਤ ਵਿੱਚ ਅੱਠਵੀ ਸ਼੍ਰੇਣੀ ਤੋ ਅੱਗੇ ਮਾਨਤਾ/ਐਫੀਲੇਸ਼ਨ ਲਈ ਵਚਨਵੱਧ ਨਹੀ ਹੈ।

2: ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009(ਅਨੇਕਚਰ 1) ਅਤੇ ਬੱਚਿਆਂ ਦੇ ਲਾਜਮੀ ਅਤੇ ਮੁਫਤ ਸਿੱਖਿਆ ਦੇ ਨਿਯਮ 2011(ਅਨੈਕਚਰ 2) ਦੀ ਇੰਨਬਿੰਨ ਪਾਲਣਾ ਕਰੇਗਾ।

3: ਸਕੂਲ ਪਹਿਲੀ ਸ਼੍ਰੇਣੀ ਵਿੱਚ ਦਾਖਲਾ ਕਰਗੇਾ ਅਤੇ ਕਲਾਸ ਦੀ 25 ਪ੍ਰਤੀਸ਼ਤ ਉਸ ਵਿੱਚ ਸਾਰੇ ਵਿਦਿਆਰਥੀ ਜੋ ਕਮਜੋਰ ਵਰਗ ਅਤੇ ਗੈਰ ਲਾਭਦਾਇਕ ਵਰਗ ਜੋ ਕਿ ਉਹਨਾ ਦੇ ਗੁਆਂਡ ਵਿੱਚ ਹੋਣਗੇ ਨੂੰ ਐਲੀਮੈਂਟਰੀ ਸਿੱਖਿਆ ਦੀ ਸਮਾਪਤੀ ਤੱਕ ਮੁਫਤ ਅਤੇ ਲਾਜਮੀ ਸਿੱਖਿਆ ਪ੍ਰਦਾਨ ਕਰਵਾਏਗਾ।ਬਸਰਤੇ ਪ੍ਰੀ ਪ੍ਰਾਇਮਰੀ ਸ਼੍ਰੇਣੀਆਂ ਉਤੇ ਵੀ ਇਹ ਨਿਯਮ ਲਾਗੂ ਹੋਵੇਗਾ।

4: ਪੈਰਾ ਨੰ:3 ਵਿੱਚ ਦਰਸਾਏ ਵਿਦਿਆਰਥੀਆਂ ਦੇ ਲਈ ਸਕੂਲ,ਕਾਨੂੰਨ ਦੇ ਸੈਕਸ਼ਨ 12 ਦੇ ਸਬਸੈਕਸ਼ਨ 2 ਅਨੁਸਾਰ ਦੀ ਪੂਰਤੀ ਕਰੇਗਾ ਅਤੇ ਇਸ ਪ੍ਰਤੀ ਪੂਰਤੀ ਲਈ ਇੱਕ ਵੱਖਰਾ ਬੈਕ ਖਾਤਾ ਮਹੁੱਈਆਂ ਕਰਵਾਏਗਾ।

5: ਸਕੂਲ ਕੋਈ ਵੀ ਜਬਰੀ ਫੀਸ ਕਿਸੇ ਮਾਪਿਆਂ ਤੋ ਜਾਂ ਸਰਪ੍ਰਸਤ ਤੋ ਕਿਸੇ ਵੀ ਕਾਰਵਾਈ ਲਈ ਇਕੱਠੀ ਨਹੀ ਕਰੇਗਾ।

6: ਸਕੂਲ ਕਿਸੇ ਨੂੰ ਵੀ ਦਾਖਲੇ ਤੋ ਮਨਾਂ ਨਹੀ ਕਰੇਗਾ:-
(ੳ) ਕਿਸੇ ਵੀ ਬੱਚੇ ਨੂੰ ਜਿਸ ਕੋਲ ਜਨਮ ਦਾ ਸਬੂਤ ਨਾ ਹੋਵੇ ਜਾਂ
(ਅ) ਜੇਕਰ ਅਜਿਹੇ ਬੱਚੇ ਨੂੰ ਦਰਸਾਏ ਜਾਂ ਵਧਾਏ ਸਮੇ ਦੋਰਾਨ(ਦਾਖਲਾ ਦੇਣ ਲਈ) ਜੇਕਰ ਦਾਖਲਾ ਦੇ ਦਿੱਤਾ ਜਾਂਦਾ ਹੈ।
(ੲ) ਧਰਮ ,ਜਾਤ,ਪਾਤ,ਜਨਮ ਅਸਥਾਨ ਜਾਂ ਇਹਨਾ ਕਾਰਨਾ ਦੇ ਅਧਾਰ ਤੇ

7: ਸਕੂਲੀ ਯਕੀਨੀ ਬਣਾਏਗਾ:
(ੳ) ਕੋਈ ਵੀ ਦਾਖਲ ਵਿਦਿਆਰਥੀ ਕਿਸੇ ਵੀ ਸ਼੍ਰੇਣੀ ਵਿੱਚ ਰੋਕਿਆ ਜਾਂ ਕੱਢਿਆ ਨਹੀ ਜਾ ਸਕਦਾ ਜਦੋ ਤੱਕ ਉਸ ਦੀ ਐਲੀਮੈਂਟਰੀ ਸਿੱਖਿਆ ਪੂਰੀ ਨਹੀ ਹੋ ਜਾਂਦੀ।
(ਅ) ਕਿਸੇ ਵੀ ਵਿਦਿਆਰਥੀ ਨੂੰ ਸਰੀਰਕ ਜਾਂ ਮਾਨਸਿਕ ਦੰਡ ਨਹੀ ਦਿੱਤਾ ਜਾਵੇਗਾ।
(ੲ)ਕਿਸੇ ਵੀ ਵਿਦਿਆਰਥੀ ਨੂੰ ਐਲੀਮੈਂਟਰੀ ਸਿੱਖਿਆ ਪੂਰੀ ਕਰਨ ਤੋ ਪਹਿਲਾਂ ਕੋਈ ਵੀ ਬੋਰਡ ਦੀ ਪ੍ਰੀਖਿਆ ਪਾਸ ਕਰਨ ਦੀ ਜ਼ਰੂਰਤ ਨਹੀ ਹੋਵੇਗੀ।
(ਸ) ਨਿਯਮ 21 ਦੇ ਮੁਤਾਬਿਕ ਹਰੇਕ ਵਿਦਿਆਰਕੀ ਨੂੰ ਐਲੀਮੈਂਟਰੀ ਸਿੱਖਿਆ ਪ੍ਰਾਪਤ ਕਰਨ ਉਪਰੰਤ ਸਰਟੀਫਿਕੇਟ ਪ੍ਰਦਾਨ ਕੀਤਾ ਜਾਵੇਗਾ।
(ਹ) ਕਾਨੂੰਨ ਦੇ ਤਹਿਤ ਅਪੰਗ,ਅਯੋਗ ਜਾਂ ਵਿਸ਼ੇਸ ਜਰੂਰਤਾਂ ਵਾਲੇ ਵਿਦਿਆਰਥੀਆਂ ਨੂੰ ਦਾਖਲ ਕੀਤਾ ਜਾਵੇਗਾ।

Principal
SRI NANGALI
Academics Public School
Gurdaspur
CBSE No. 1630886